ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

7.43 ਲੱਖ ਟਨ ਕਣਕ ਦੀ ਹੋਈ ਖਰੀਦ

ਬਠਿੰਡਾ, 5 ਮਈ-ਬਠਿੰਡਾ ਜ਼ਿਲ੍ਹੇ ਵਿਚ ਹੁਣ ਤੱਕ 7.43 ਲੱਖ ਟਨ ਕਣਕ ਦੀ ਖਰੀਦ ਹੋ ਚੁੱਕੀ ਹੈ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨਾਂ ਨੂੰ ਅਦਾਇਗੀ ਤੇਜੀ ਨਾਲ ਕਰਨ ਦੇ ਨਿਰੇਦਸ਼ ਦਿੱਤੇ ਗਏ ਹਨ। ਉਨ੍ਹਾਂ ਨੇ ਕਿਹਾ ਕਿ ਸਾਰੀਆਂ ਏਂਜਸੀਆਂ ਤੇਜੀ ਨਾਲ ਖਰੀਦ ਕਰਨ ਦੇ ਨਾਲ-ਨਾਲ ਕਿਸਾਨਾਂ ਨੂੰ ਅਦਾਇਗੀ ਵੀ ਕਰ ਰਹੀਆਂ ਹਨ।

ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ: ਮਨਦੀਪ ਸਿੰਘ ਮਾਨ ਨੇ ਦੱਸਿਆ ਕਿ ਪਨਗ੍ਰੇਨ ਨੇ ਹੁਣ ਤੱਕ 211359 ਮੀਟ੍ਰਿਕ ਟਨ, ਮਾਰਕਫੈਡ ਨੇ 189933 ਮੀਟ੍ਰਿਕ ਟਨ, ਪਨਸਪ ਨੇ 169191 ਮੀਟ੍ਰਿਕ ਟਨ, ਪੰਜਾਬ ਰਾਜ ਗੋਦਾਮ ਨਿਗਮ ਨੇ 116856 ਅਤੇ ਭਾਰਤੀ ਖੁਰਾਕ ਨਿਗਮ ਨੇ 55385 ਮੀਟ੍ਰਿਕ ਟਲ ਅਤੇ ਨਿੱਜੀ ਵਪਾਰੀਆਂ ਨੇ 805 ਟਨ ਕਣਕ ਦੀ ਖਰੀਦ ਕੀਤੀ ਹੈ। ਜਦ ਕਿ 519445 ਮੀਟ੍ਰਿਕ ਟਨ ਕਣਕ ਦੀ ਮੰਡੀਆਂ ਵਿਚੋਂ ਲਿਫਟਿੰਗ ਹੋ ਚੁੱਕੀ ਹੈ।

I/22323/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

ਬਠਿੰਡਾ ਜ਼ਿਲ੍ਹੇ ਦੀਆਂ 70 ਹੋਰ ਰਿਪੋਰਟਾਂ ਨੈਗੇਟਿਵ ਪ੍ਰਾਪਤ

-231 ਦੀ ਰਿਪੋਰਟ ਆਉਣੀ ਬਕਾਇਆ

-ਲੋਕਾਂ ਨੂੰ ਘਰਾਂ ਦੇ ਅੰਦਰ ਰਹਿਣ ਦੀ ਅਪੀਲ

-ਜੇਕਰ ਕਿਸੇ ਨੇ ਇਕਾਂਤਵਾਸ ਨਿਯਮਾਂ ਨੂੰ ਤੋੜਿਆ ਤਾਂ ਹੋਵੇਗੀ ਸਖ਼ਤ ਕਾਰਵਾਈ

ਬਠਿੰਡਾ, 5 ਮਈ-

ਬਠਿੰਡਾ ਜ਼ਿਲ੍ਹੇ ਤੋਂ ਭੇਜੇ ਨਮੂਨਿਆਂ ਦੀਆਂ ਅੱਜ 70 ਹੋਰ ਰਿਪੋਰਟਾਂ ਪ੍ਰਾਪਤ ਹੋਈਆਂ ਹਨ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਅੱਜ ਪ੍ਰਾਪਤ ਸਾਰੀਆਂ ਰਿਪੋਰਟਾਂ ਨੈਗੇਟਿਵ ਮਿਲੀਆਂ ਹਨ। ਉਨ੍ਹਾਂ ਨੇ ਦੱਸਿਆ ਕਿ ਇਸ ਤੋਂ ਬਿਨ੍ਹਾਂ 231 ਨਮੂਨਿਆਂ ਦੀਆਂ ਰਿਪੋਰਟਾਂ ਆਉਣੀਆਂ ਬਕਾਇਆ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਇਸ ਵੇਲੇ ਤੱਕ ਕਰੋਨਾ ਪਾਜਿਟਿਵ ਲੋਕਾਂ ਦੀ ਕੁੱਲ ਗਿਣਤੀ 36 ਹੀ ਹੈ। ਉਨ੍ਹਾਂ ਨੇ ਇਸ ਸਬੰਧੀ ਸਪੱ੍ਸ਼ਟ ਕੀਤਾ ਕਿ ਇਹ ਸਾਰੇ ਪਿੱਛਲੇ ਦਿਨਾਂ ਦੌਰਾਨ ਰਾਜ ਤੋਂ ਬਾਹਰ ਤੋਂ ਪਰਤੇ ਸਨ ਅਤੇ ਜ਼ਿਲ੍ਹੇ ਵਿਚ ਦਾਖਲ ਹੋਣ ਤੋਂ ਲੈ ਕੇ ਹੁਣ ਤੱਕ ਸਰਕਾਰੀ ਇਕਾਂਤਵਾਸ ਵਿਚ ਸਨ ਅਤੇ ਜਦੋਂ ਹੀ ਰਿਪੋਰਟ ਪ੍ਰਾਪਤ ਹੋਈ ਇੰਨ੍ਹਾਂ ਨੂੰ ਹਸਪਤਾਲਾਂ ਵਿਚ ਤਬਦੀਲ ਕਰ ਦਿੱਤਾ ਗਿਆ ਸੀ। ਉਨ੍ਹਾਂ ਨੇ ਕਿਹਾ ਕਿ ਇੰਨ੍ਹਾਂ ਸਭ ਦੀ ਦੇਖਰੇਖ ਮਾਹਿਰ ਡਾਕਟਰਾਂ ਵੱਲੋਂ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਹੁਣ ਤੱਕ ਜ਼ਿਲ੍ਹੈੇ ਵਿਚ 944 ਲੋਕਾਂ ਦੀਆਂ ਨੈਗੇਟਿਵ ਰਿਪੋਰਟਾਂ ਮਿਲ ਚੁੱਕੀਆਂ ਹਨ।

ਡਿਪਟੀ ਕਮਿਸ਼ਨਰ ਨੇ ਇਸ ਮੌਕੇ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਜੋ ਲੋਕ ਘਰਾਂ ਵਿਚ ਕੁਆਰਨਟਾਈਨ ਕੀਤੇ ਗਏ ਸਨ ਉਨ੍ਹਾਂ ਨਾਲ ਇਕਾਂਤਵਾਸ ਦੇ ਸਮੇਂ ਦੌਰਾਨ ਕੋਈ ਵੀ ਬਾਹਰੀ ਵਿਅਕਤੀ ਸੰਪਰਕ ਨਾ ਕਰੇ ਅਤੇ ਉਹ ਆਪਣੇ ਘਰ ਦੇ ਅੰਦਰ ਵੀ ਬਾਕੀ ਪਰਿਵਾਰ ਤੋਂ ਦੂਰੀ ਬਣਾ ਕੇ ਰੱਖਣ। ਇਸੇ ਤਰਾਂ ਉਨ੍ਹਾਂ ਨੇ ਕਿਹਾ ਕਿ ਜੇਕਰ ਘਰ ਵਿਚ ਇਕਾਂਤਵਾਸ ਕੀਤੇ ਕਿਸੇ ਵਿਅਕਤੀ ਨੇ ਇਕਾਂਤਵਾਸ ਭੰਗ ਕਰਕੇ ਬਾਹਰ ਆਉਣ ਦੀ ਕੋਸ਼ਿਸ ਕੀਤੀ ਤਾਂ ਉਸ ਖਿਲਾਫ ਐਪੀਡੈਮਿਕ ਡਜੀਜ ਐਕਟ 1897 ਅਤੇ ਡਿਜਾਸਟਰ ਮੈਨੇਜਮੈਂਟ ਐਕਟ 2005 ਤਹਿਤ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਇਸ ਮੌਕੇ ਜ਼ਿਲ੍ਹੇ ਦੇ ਲੋਕਾਂ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕਰਦਿਆਂ ਅਪੀਲ ਕੀਤੀ ਕਿ ਕੁਝ ਦਿਨ ਹੋਰ ਇਸੇ ਤਰਾਂ ਸਵੈ ਜਾਬਤਾ ਬਣਾ ਕੇ ਰੱਖਿਆ ਜਾਵੇ। ਉਨ੍ਹਾਂ ਨੇ ਕਿਹਾ ਕਿ ਕਰੋਨਾ ਨੂੰ ਆਪਸੀ ਦੂਰੀ ਬਣਾ ਕੇ ਅਤੇ ਘਰਾਂ ਦੇ ਅੰਦਰ ਰਹਿ ਕੇ ਅਸੀਂ ਹਰਾ ਸਕਦੇ ਹਾਂ।

I/22322/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

## ਦਿਨ ਵਿਚ ਦੋ ਵਾਰ ਕੁਆਰਨਟਾਈਨ ਸੈਂਟਰਾਂ ਨੂੰ ਕੀਤਾ ਜਾਂਦਾ ਹੈ ਰੋਗਾਣੂ ਮੁਕਤ

-ਤਾਂਕੀ ਇੱਥੇ ਰਹਿ ਰਹੇ ਲੋਕ ਰਹਿਣ ਸੁਰੱਖਿਅਤ

-ਨਗਰ ਨਿਗਮ ਬਠਿੰਡਾ ਦੀ ਟੀਮ ਨੇ ਸੰਭਾਲੀ ਹੈ ਸਫਾਈ ਦੀ ਜਿੰਮੇਵਾਰੀ

ਬਠਿੰਡਾ, 5 ਮਈ-

ਬਠਿੰਡਾ ਵਿਚ ਬਣੇ ਤਿੰਨ ਕੁਆਰਨਟਾਈਨ ਕੇਂਦਰਾਂ ਵਿਚ ਦਿਨ ਵਿਚ ਦੋ ਵਾਰ ਰੋਗਾਣੂ ਨਾਸ਼ਕ ਦਵਾਈ ਦਾ ਛਿੜਕਾਅ ਕਰਵਾਇਆ ਜਾ ਰਿਹਾ ਹੈ ਤਾਂ ਜੋ ਇੱਥੇ ਰਹਿਣ ਵਾਲੇ ਸ਼ਰਧਾਲੂਆਂ ਅਤੇ ਹੋਰ ਲੋਕਾਂ ਨੂੰ ਕਰੋਨਾ ਵਾਇਰਸ ਦੀ ਲਾਗ ਤੋਂ ਬਚਾਇਆ ਜਾ ਸਕੇ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ। ਉਨ੍ਹਾਂ ਨੇ ਕਿਹਾ ਕਿ ਸੈਨੇਟਾਈਜਰ ਦਾ ਛਿੜਕਾਅ ਤੇ ਹੋਰ ਸਫਾਈ ਕਾਰਜ ਸਾਰੇ ਸੁਰੱਖਿਆ ਉਪਾਵਾਂ ਦਾ ਪਾਲਣ ਕਰਦੇ ਹੋਏ ਪੀਪੀਈ ਕਿੱਟ ਪਾ ਕੇ ਹੀ ਕੀਤਾ ਜਾਂਦਾ ਹੈ।ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਾਰੀਆਂ ਸਿਹਤ ਸਲਾਹਾਂ ਦਾ ਪਾਲਣ ਕੀਤਾ ਜਾ ਰਿਹਾ ਹੈ ਅਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਇੰਨ੍ਹਾਂ ਕੇਂਦਰਾਂ ਵਿਚ ਰਹਿ ਰਹੇ ਲੋਕ ਪੂਰੀ ਤਰਾਂ ਸੁਰੱਖਿਅਤ ਅਤੇ ਤੰਦਰੁਸਤ ਰਹਿਣ ਅਤੇ ਆਪਣਾ ਇਕਾਂਤਵਾਸ ਦਾ ਸਮਾਂ ਪੂਰਾ ਕਰਕੇ ਖੁਸ਼ੀ ਖੁਸ਼ੀ ਆਪਣੇ ਘਰ ਜਾਣ।

ਨਗਰ ਨਿਗਮ ਦੇ ਕਮਿਸ਼ਨਰ ਸ੍ਰੀ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਦੱਸਿਆ ਕਿ ਨਗਰ ਨਿਗਮ ਬਠਿੰਡਾ ਦੀ ਟੀਮ ਮੈਰੀਟੋਰੀਅਸ ਸਕੂਲ, ਮਹਾਰਾਜਾ ਰਣਜੀਤ ਸਿੰਘ ਟੈਕਨੀਕਲ ਯੁਨੀਵਰਸਿਟੀ ਅਤੇ ਇੰਸਟੀਚਿਊਟ ਆਫ ਹਾਟਲ ਮੈਨੇਜਮੈਂਟ ਬਠਿੰਡਾ ਵਿਖੇ ਬਣੇ ਇਕਾਂਤਵਾਸ ਕੇਂਦਰਾਂ ਦੀ ਸਫਾਈ ਅਤੇ ਸੈਨੇਟਾਈਜੇਸਨ ਦਾ ਕੰਮ ਵੇਖ ਰਹੀ ਹੈ। ਉਨ੍ਹਾਂ ਨੇ ਕਿਹਾ ਕਿ 27 ਮੈਂਬਰੀ ਟੀਮ ਇੱਥੇ ਤਾਇਨਾਤ ਕੀਤੀ ਹੈ ਜ਼ੋ ਕਿ ਇੱਥੇ ਹਰ ਪ੍ਰਕਾਰ ਦੀ ਸਫਾਈ ਦੇ ਨਾਲ ਨਾਲ ਦਿਨ ਵਿਚ ਦੋ ਵਾਰ ਸਾਰੇ ਕਮਰਿਆਂ, ਵਾਰਡਾਂ, ਬਰਾਮਦਿਆਂ, ਖੁੱਲੀਆਂ ਥਾਂਵਾਂ, ਬਾਥਰੂਮ ਆਦਿ ਸਭ ਥਾਂਵਾਂ ਤੇ 1 ਫੀਸਦੀ ਸੋਡੀਅਮ ਹਾਇਪੋਕਲੋਰਾਇਡ ਦੀ

ਸਪ੍ਰੇਅ ਕਰਵਾਉਂਦੀ ਹੈ। ਇਸੇ ਤਰਾਂ ਫਰਸ ਤੇ ਦੀ 1 ਫੀਸਦੀ ਸੋਡੀਅਮ ਹਾਇਪੋਕਲੋਰਾਇਡ ਦਾ ਪੋਚਾ ਲਗਾਇਆ ਜਾਂਦਾ ਹੈ।

ਇਸ ਕੰਮ ਦੀ ਦੇਖਰੇਖ ਕਰ ਰਹੇ ਚੀਫ ਸੈਨੇਟਰੀ ਇੰਸਪੈਕਟਰ ਸੰਦੀਪ ਕਟਾਰੀਆ ਨੇ ਦੱਸਿਆ ਕਿ ਸਫਾਈ ਕਾਰਜਾਂ ਅਤੇ ਸੈਨੇਟਾਈਜਰ ਦੇ ਛਿੜਕਾਅ ਸਮੇਂ ਸਾਡੇ ਸਟਾਫ ਦੀ ਸੁਰੱਖਿਆ ਸਾਡੀ ਵੱਡੀ ਤਰਜੀਹ ਹੁੰਦੀ ਹੈ ਅਤੇ ਵਰਜਿਤ ਖੇਤਰ ਵਿਚ ਜਾਣ ਸਮੇਂ ਸਾਡੇ ਕਰਮਚਾਰੀ ਪੀਪੀਈ ਕਿੱਟ ਪਾ ਕੇ ਜਾਂਦੇ ਹਨ ਅਤੇ ਇਹ ਯਕੀਨੀ ਬਣਾਇਆ ਜਾਂਦਾ ਹੈ ਕਿ ਉਹ ਅੰਦਰ ਕਿਸੇ ਵੀ ਵਸਤ ਨੂੰ ਛੂਹਣ ਨਾ ਅਤੇ ਨਾ ਹੀ ਅੰਦਰ ਦੇ ਕਿਸੇ ਵਿਅਕਤੀ ਦੇ ਸਿੱਧੇ ਸੰਪਰਕ ਵਿਚ ਆਉਣ।

ਇੱਥੇ ਰਹਿ ਰਹੇ ਯਾਤਰੀਆਂ ਨੇ ਕਿਹਾ ਕਿ ਸਾਫ ਸਫਾਈ ਪੱਖੋਂ ਉੱਤਮ ਇੰਤਜਾਮ ਕਾਰਨ ਉਨ੍ਹਾਂ ਨੂੰ ਇੱਥੇ ਸਿਹਤ ਸੁਰੱਖਿਆ ਮਿਲੀ ਹੋਈ ਹੈ ਅਤੇ ਲਾਗ ਦਾ ਡਰ ਨਹੀਂ ਹੈ।

I/22253/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਏ.ਡੀ.ਆਰ. ਸੈਂਟਰ ਸਮੇਤ ਸਮੂਹ ਕੋਰਟ ਕੰਪਲੈਕਸ ਨੂੰ ਸੈਨੇਟਾਈਜ਼

ਜੱਜ ਸਾਹਿਬਾਨ ਨੇ ਕੀਤਾ ਵਿਸ਼ੇਸ਼ ਤੌਰ ’ਤੇ ਧੰਨਵਾਦ

ਬਠਿੰਡਾ, 5 ਮਈ : ਵਿਸ਼ਵ ਭਰ ਵਿਚ ਕਰੋਨਾ ਵਾਇਰਸ ਮਹਾਂਮਾਰੀ ਦੇ ਫ਼ੈਲੇ ਪ੍ਰਕੋਪ ਨਾਲ ਪੂਰਾ ਸੰਸਾਰ ਫ਼ਿਕਰਮੰਦ ਹੈ। ਇਸ ਮਹਾਂਮਾਰੀ ਨੂੰ ਦੇਖਦੇ ਹੋਏ ਮਾਨਯੋਗ ਜ਼ਿਲਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲਾ ਕਾਨੂੰਨੀ ਅਥਾਰਟੀ ਬਠਿੰਡਾ ਸ. ਕਮਲਜੀਤ ਲਾਂਬਾ ਦੀ ਰਹਿਨੁਮਾਈ ਹੇਠ ਸਿਵਲ ਜੱਜ (ਸ.ਡ.)/ਸੀ.ਜੇ.ਐਮ.-ਕਮ-ਸਕੱਤਰ, ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਬਠਿੰਡਾ ਵਲੋਂ ਮਿਊਸੀਪਲ ਕਾਰਪੋਰੇਸ਼ਨ ਬਠਿੰਡਾ ਤੇ ਸ੍ਰੀ ਰਾਕੇਸ਼ ਕੁਮਾਰ ਨਰੂਲਾ, ਪੀ.ਐਲ.ਵੀ. ਦੇ ਸਹਿਯੋਗ ਨਾਲ ਏ.ਡੀ.ਆਰ. ਸੈਂਟਰ ਸਮੇਤ ਸਮੂਹ ਕੋਰਟ ਕੰਪਲੈਕਸ, ਬਠਿੰਡਾ ਨੂੰ ਸੈਨੇਟਾਈਜ਼ ਕੀਤਾ ਗਿਆ। ਇਸ ਤੋਂ ਇਲਾਵਾ ਉਨਾਂ ਵਲੋਂ ਕੋਰਟ ਕੰਪਲੈਕਸ ਬਠਿੰਡਾ ਵਿਖੇ ਹਾਜ਼ਰ ਕਰਮਚਾਰੀਆਂ ਨੂੰ ਕਰੋਨਾ ਮਹਾਮਾਰੀ ਤੋਂ ਬਚਾਅ ਸਬੰਧੀ ਜਾਣਕਾਰੀ ਵੀ ਦਿੱਤੀ ਗਈ।

ਮਾਨਯੋਗ ਜੱਜ ਸਾਹਿਬਾਨ ਨੇ ਮਿਊਸੀਪਲ ਕਾਰਪੋਰੇਸ਼ਨ ਬਠਿੰਡਾ ਦੇ ਸ੍ਰੀ ਸੰਦੀਪ ਕਟਾਰੀਆ, ਚੀਫ਼ ਸੈਨੇਟਰੀ ਇੰਸਪੈਕਟਰ, ਸ੍ਰੀ ਸੁਮਨ ਕੁਮਾਰ, ਸੈਨੇਟਰੀ ਇੰਸਪੈਕਟਰ, ਸ੍ਰੀ ਪ੍ਰਿਤਪਾਲ ਸਿੰਘ ਤੇ ਸ੍ਰੀ ਅਸ਼ੋਕ ਕੁਮਾਰ ਕਰਮਚਾਰੀਆਂ ਦਾ ਵਿਸ਼ੇਸ਼ ਤੌਰ ’ਤੇ ਧੰਨਵਾਦ ਵੀ ਕੀਤਾ। ਜਿਨਾਂ ਦੇ ਸਹਿਯੋਗ ਨਾਲ ਸਾਰੀ ਕੋਰਟ ਕੰਪਲੈਕਸ, ਬਠਿੰਡਾ ਨੂੰ ਸੈਨੇਟਾਈਜ਼ ਕੀਤਾ ਗਿਆ।

I/22254/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

ਬਠਿੰਡਾ ਜ਼ਿਲ੍ਹੇ ਵਿਚ ਦੁਕਾਨਾਂ ਖੁੱਲਣ ਸਬੰਧੀ ਨਵੀਂ ਸਮਾਂ ਸਾਰਣੀ ਜਾਰੀ-ਜ਼ਿਲ੍ਹਾ ਮੈਜਿਸਟ੍ਰੇਟ

-ਦੁਕਾਨਾਂ ਖੁਲਣ ਦਾ ਸਮਾਂ 7 ਤੋਂ 11 ਵਜੇ ਤੱਕ

-ਵੱਖ ਵੱਖ ਪ੍ਰਕਾਰ ਦੀਆਂ ਦੁਕਾਨਾਂ ਖੁਲਣ ਲਈ ਦਿਨ ਨਿਰਧਾਰਤ ਕੀਤੇ

-ਦੁਕਾਨਦਾਰ ਅਜਿਹੇ ਕਿਸੇ ਵਿਅਕਤੀ ਨੂੰ ਸਮਾਨ ਨਹੀਂ ਵੇਚਣਗੇ ਜਿਸ ਨੇ ਮਾਸਕ ਨਾ ਪਾਇਆ ਹੋਵੇ

ਬਠਿੰਡਾ, 5 ਮਈ :

ਬਠਿੰਡਾ ਜ਼ਿਲੇ ਵਿਚ ਦੁਕਾਨਾਂ ਖੋਲਣ ਸਬੰਧੀ ਪੁਰਾਣੇ ਹੁਕਮਾਂ ਵਿਚ ਸੋਧ ਕਰਦਿਆਂ ਜ਼ਿਲ੍ਹਾ ਮੈਜਿਸਟ੍ਰੇਟ ਨੇ ਨਵੇਂ ਹੁਕਮ ਜਾਰੀ ਕੀਤੇ ਹਨ। ਜ਼ਿਲਾ ਮੈਜਿਸਟ੍ਰੇਟ ਸ੍ਰੀ ਬੀ.ਸ੍ਰੀਨਿਵਾਸਨ ਵਲੋਂ ਜਾਰੀ ਨਵੇਂ ਹੁਕਮਾਂ ਅਨੁਸਾਰ ਹੁਣ ਦੁਕਾਨਾਂ ਸਵੇਰੇ 7 ਤੋਂ ਸਵੇਰੇ 11 ਵਜੇ ਤੱਕ ਖੁੱਲਣਗੀਆਂ ਅਤੇ ਵੱਖ ਵੱਖ ਸ਼੍ਰੇਣੀ ਦੀਆਂ ਦੁਕਾਨਾਂ ਦੇ ਖੁਲਣ ਲਈ ਵੱਖਰੇ ਵੱਖਰੇ ਦਿਨ ਨਿਰਧਾਰਿਤ ਕੀਤੇ ਗਏ ਹਨ।

ਜਿਲ੍ਹਾ ਮੈਜਿਸਟ੍ਰੇਟ ਸ੍ਰੀ ਬੀ.ਸ੍ਰੀਨਿਵਾਸਨ ਨੇ ਦੱਸਿਆ ਕਿ ਮੈਡੀਕਲ ਸਟੋਰ (ਹੋਲ ਸੇਲ ਅਤੇ ਰੀਟੇਲ), ਲੈਬੋਟਰੀਜ਼ ਅਤੇ ਡਾਇਗਨੋਸਟਿਕ ਸੈਂਟਰ ਸੋਮਵਾਰ ਤੋਂ ਐਤਵਾਰ ਪੂਰਾ ਹਫ਼ਤਾ ਖੁੱਲਣਗੇ। ਇਸੇ ਤਰਾਂ ਡੇਅਰੀ, ਮਿਲਕ ਚਿਲਿੰਗ/ਕੁਲੈਕਸ਼ਨ ਸੈਂਟਰ, ਸਬਜ਼ੀ ਦੀਆਂ ਦੁਕਾਨਾਂ, ਪਸ਼ੂਆਂ ਦੇ ਚਾਰੇ, ਪੋਲਟਰੀ ਦਾ ਚਾਰਾ, ਬੀਜ਼ਾਂ ਅਤੇ ਕੀਟਨਾਸ਼ਕਾਂ ਦੀਆਂ ਦੁਕਾਨਾਂ, ਖੇਤੀਬਾੜੀ ਦੇ ਸਮਾਨ ਦੀਆਂ ਦੁਕਾਨਾਂ ਅਤੇ ਪੋਲਟਰੀ ਸਬੰਧੀ ਦੁਕਾਨਾਂ ਸੋਮਵਾਰ ਤੋਂ ਸ਼ਨੀਵਾਰ ਤੱਕ ਹਫ਼ਤੇ ਵਿਚ 6 ਦਿਨ ਖੁੱਲਣਗੀਆਂ। ਕਰਿਆਣਾ ਸਟੋਰ ਅਤੇ ਬੇਕਰੀ ਸੋਮਵਾਰ ਤੋਂ ਵੀਰਵਾਰ ਤੱਕ ਹੀ ਹਫ਼ਤੇ ਵਿਚ ਸਿਰਫ 4 ਦਿਨ ਖੁੱਲਿਆ ਕਰਨਗੇ। ਇਲੈਕਟ੍ਰਾਨਿਕਸ ਦੀਆਂ ਦੁਕਾਨਾਂ ਸਮੇਤ ਮੋਬਾਇਲ ਦੀਆਂ ਦੁਕਾਨਾਂ ਤੇ ਮੋਬਾਇਲ ਸਟੋਰ, ਆਪਟੀਕਲ ਸਟੋਰ, ਸਪੇਅਰ ਪਾਰਸ ਅਤੇ ਮੋਬਾਇਲ ਆਇਲ ਦੀਆਂ ਦੁਕਾਨਾਂ, ਟਾਇਰਾਂ ਦੀਆਂ ਦੁਕਾਨਾਂ ਅਤੇ ਬਰਤਨਾਂ ਦੀ ਦੁਕਾਨਾਂ ਮੰਗਲਵਾਰ ਅਤੇ ਬੁੱਧਵਾਰ ਨੂੰ ਹਫ਼ਤੇ ਵਿਖ ਕੇਵਲ 2 ਦਿਨ ਹੀ ਖੁੱਲਣਗੀਆਂ।

ਜ਼ਿਲਾ ਮੈਜਿਸਟ੍ਰੇਟ ਨੇ ਅੱਗੇ ਦੱਸਿਆ ਕਿ ਹਾਰਡਵੇਅਰ, ਪਲਾਈਵੁੱਡ, ਸ਼ਟਰਿੰਗ ਸਟੋਰ, ਪੇਂਟਸ ਸਟੋਰ, ਆਇਰਨ, ਰੇਤ, ਬਜ਼ਰੀ ਸਟੋਰ, ਸੀਮਿੰਟ ਦੀਆਂ ਦੁਕਾਨਾਂ, ਸੈਨੇਟਰੀ ਦੀਆਂ ਦੁਕਾਨਾਂ, ਇਲੈਕਟਰੀਕਲਜ਼ (ਬਿਜਲੀ) ਦੀਆਂ ਦੁਕਾਨਾਂ ਸੋਮਵਾਰ ਅਤੇ ਵੀਰਵਾਰ ਹਫਤੇ ਵਿਚ ਕੇਵਲ 2 ਦਿਨ ਹੀ ਖੁੱਲਣਗੀਆਂ। ਇਸੇ ਤਰਾਂ ਕੱਪੜੇ ਦੀਆਂ ਦੁਕਾਨਾਂ, ਪਰਦੇ ਦੀਆਂ ਦੁਕਾਨਾਂ, ਕਾਰ ਪੇਂਟ ਸਟੋਰ, ਤੋਲੀਏ ਦੀਆਂ ਦੁਕਾਨਾਂ ਅਤੇ ਰੇਡੀਮੇਂਟ ਗਾਰਮੈਂਟਸ ਦੀਆਂ ਦੁਕਾਨਾਂ ਸ਼ੁੱਕਰਵਾਰ ਅਤੇ ਸ਼ਨੀਵਾਰ ਨੂੰ ਨੂੰ ਹਫ਼ਤੇ ਵਿਖ ਕੇਵਲ 2 ਦਿਨ ਹੀ ਖੁੱਲਣਗੀਆਂ।

ਉਨਾਂ ਸਪੱਸ਼ਟ ਕੀਤਾ ਕਿ ਦੁਕਾਨਾਂ ਖੁੱਲਣ ਦਾ ਸਮਾਂ ਸਵੇਰੇ 7 ਤੋਂ ਸਵੇਰੇ 11 ਵਜੇ ਤੱਕ ਹੀ ਹੋਵੇਗਾ ਅਤੇ ਨਿਰਧਾਰਿਤ ਦਿਨ ਨੂੰ ਹੀ ਸਬੰਧਤ ਦੁਕਾਨ ਖੋਲੀ ਜਾ ਸਕੇਗੀ। ਉਨਾਂ ਦੱਸਿਆ ਕਿ ਐਤਵਾਰ ਵਾਲੇ ਦਿਨ ਪੂਰਾ ਬਜ਼ਾਰ ਬੰਦ ਰਹੇਗਾ ਤਾਂ ਜੋ ਸ਼ਹਿਰ ਨੂੰ ਪੂਰੀ ਤਰਾਂ ਸੈਨੀਟਾਈਜ਼ ਕੀਤਾ ਜਾ ਸਕੇ।

ਇਸ ਸਬੰਧੀ ਹੋਰ ਹਦਾਇਤਾਂ ਜਾਰੀ ਕਰਦਿਆਂ ਜ਼ਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਆਮ ਲੋਕ ਕੇਵਲ ਸਵੇਰੇ 7 ਤੋਂ 11 ਵਜੇ ਤੱਕ ਹੀ ਦੁਕਾਨਾਂ ਤੋਂ ਖਰੀਦਦਾਰੀ ਕਰ ਸਕਣਗੇ ਅਤੇ ਇਸ ਤੋਂ ਬਾਅਦ ਸਭ ਨੂੰ ਘਰਾਂ ਅੰਦਰ ਜਾਣਾ ਹੋਵੇਗਾ।ਘਰ ਤੋਂ ਬਾਹਰ ਆਉਣ ਸਮੇਂ ਮਾਸਕ ਲਾਜ਼ਮੀ ਪਾਓ ਅਤੇ ਦਸਤਾਨੇ, ਹੱਥ ਧੋਣ ਅਤੇ ਸੈਨੇਟਾਈਜਰ ਦੀ ਵਰਤੋਂ ਅਤੇ ਆਪਸੀ ਦੂਰੀ ਦਾ ਹਰ ਕੋਈ ਖਿਆਲ ਰੱਖੇ।

ਕਿਸੇ ਨੂੰ ਵੀ ਬੇਕਰੀ ਜਾਂ ਹੋਰ ਦੁਕਾਨ ਤੇ ਬੈਠਕੇ ਖਾਣਾ ਖਾਣ ਦੀ ਆਗਿਆ ਨਹੀਂ ਹੋਵੇਗੀ ਅਤੇ ਖਰੀਦਦਾਰੀ ਕਰਕੇ ਤੁਰੰਤ ਘਰ ਮੁੜ ਜਾਓ। ਦੁਕਾਨਦਾਰਾਂ ਨੂੰ ਅਪੀਲ ਹੈ ਕਿ ਉਹ ਇਸ ਸਮੇਂ ਘਰੋ ਘਰੀ ਸਪਲਾਈ ਨੂੰ ਉਤਸਾਹਿਤ ਕਰਨ। ਦੁਕਾਨਦਾਰ ਆਪਣੀਆਂ ਦੁਕਾਨਾਂ ਬਾਹਰ 1 ਮੀਟਰ ਦੇ ਵਕਫੇ ਤੇ ਸਰਕਲ ਲਗਾਉਣਗੇ ਤਾਂ ਜ਼ੋ ਗ੍ਰਾਹਕਾਂ ਵਿਚ ਸਮਾਜਿਕ ਦੂਰੀ ਬਣਾਈ ਰੱਖੀ ਜਾ ਸਕੇ। ਦੁਕਾਨਦਾਰ ਇਹ ਵੀ ਯਕੀਨੀ ਬਣਾਉਣਗੇ ਕਿ ਉਨ੍ਹਾਂ ਨੇ ਖੁਦ ਤੇ ਸਟਾਫ ਨੇ ਮਾਸਕ ਪਾਇਆ ਹੋਵੇ ਅਤੇ ਉਹ ਅਜਿਹੇ ਕਿਸੇ ਵਿਅਕਤੀ ਨੂੰ ਸਮਾਨ ਨਹੀਂ ਵੇਚਣਗੇ ਜਿਸ ਨੇ ਮਾਸਕ ਨਾ ਪਾਇਆ ਹੋਵੇ।

ਹਰੇਕ ਦੁਕਾਨਦਾਰ ਹੈਂਡ ਸਾਇਨੇਟਾਇਜਰ ਰੱਖੇਗਾ ਤਾਂ ਜ਼ੋ ਦੁਕਾਨ ਵਿਚ ਆਉਣ ਵਾਲਾ ਹਰ ਗ੍ਰਾਹਕ ਤੇ ਦੁਕਾਨਦਾਰ ਇਸ ਨਾਲ ਹੱਥ ਸਾਫ ਕਰ ਸਕੇ। ਕੋਈ ਵੀ ਗ੍ਰਾਹਕ ਦੁਕਾਨ ਵਿਚ ਰੱਖੀ ਕਿਸੇ ਵਸਤ ਜਾਂ ਹੋਰ ਚੀਜ ਨੂੰ ਛੂਹੇ ਨਾ।ਦੁਕਾਨਦਾਰ ਗ੍ਰਾਹਕ ਨੂੰ ਡਿਜਟਿਲ ਤਰੀਕੇ ਨਾਲ ਭੁਗਤਾਨ ਕਰਨ ਲਈ ਉਤਸਾਹਿਤ ਕਰੇ।ਨਗਦੀ ਦੇ ਭੁਗਤਾਨ ਬਾਅਦ ਗ੍ਰਾਹਕ ਅਤੇ ਦੁਕਾਨਦਾਰ ਦੋਨੋਂ ਹੱਥ ਅਲਕੋਹਲ ਵਾਲੇ ਸੈਨੇਟਾਈਜਰ ਨਾਲ ਸਾਫ ਕਰਨ। ਗ੍ਰਾਹਕ ਘਰ ਤੋਂ ਕਪੜੇ ਦੇ ਬੈਗ ਲੈ ਕੇ ਜਾਣ ਅਤੇ ਇੰਨ੍ਹਾਂ ਨੂੰ ਬਾਅਦ ਵਿਚ ਸਾਬਣ ਸੋਡੇ ਤੇ ਗਰਮ ਪਾਣੀ ਨਾਲ ਧੋ ਲਿਆ ਜਾਵੇ। ਇੰਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਇਸੇ ਤਰਾਂ ਜ਼ਿਲ੍ਹਾ ਮੈਜਿਸਟ੍ਰੇਟ ਨੇ ਕਾਰਜਕਾਰੀ ਮੈਜਿਸਟ੍ਰੇਟਾਂ ਨੂੰ ਵੀ ਨਿਰਦੇਸ਼ ਦਿੱਤੇ ਹਨ ਕਿ ਉਹ ਇਸ ਸਮੇਂ ਦੌਰਾਨ ਯਕੀਨੀ ਬਣਾਉਣਗੇ ਕਿ ਨਿਯਮਾਂ ਅਤੇ ਹੁਕਮਾਂ ਦਾ ਕੋਈ ਉਲੰਘਣ ਨਾ ਕਰੇ ਅਤੇ ਜਿਸ ਨੇ ਵੀ ਉਲੰਘਣ ਕੀਤਾ ਉਸ ਖਿਲਾਫ ਸ਼ਖਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

I/22388/2020